# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**19:30**

**ਮਿਤੀ : 11-09-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਬ੍ਰਿਕਸ ਵਪਾਰ ਫੋਰਮ ਦੇ ਸੈਸ਼ਨ ਨੂੰ ਸੰਬੋਧਨ ਕੀਤਾ, ਓਹਨਾ ਕਿਹਾ ਕੇ ਬ੍ਰਿਕਸ ਦੇਸ਼ ਵਿਸ਼ਵਵਿਆਪੀ ਨਵੀਨਤਾ ਅਤੇ ਹੱਲਾਂ ਦੇ ਮਹੱਤਵਪੂਰਨ ਕੇਂਦਰ ਵਜੋਂ ਉੱਭਰ ਰਹੇ ਨੇ |

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨਾਲ ਮੁਲਾਕਤ ਦੌਰਾਨ ਵੱਖ ਵੱਖ ਖੇਤਰਾਂ 'ਚ ਦੁਵੱਲੇ ਸਹਿਯੋਗ ਦੀ ਪ੍ਰਗਤੀ ਦਾ ਜਾਇਜ਼ਾ ਲਿਆ |

- ਕੱਲ੍ਹ ਸ਼ੁਰੂ ਹੋ ਰਹੇ 18ਵੇਂ ਬ੍ਰਿਕਸ ਸਿਖਰ ਸੰਮੇਲਨ ਲਈ ਮੰਚ ਪੂਰੀ ਤਰ੍ਹਾਂ ਤਿਆਰ ਏ | ਵਿਦੇਸ਼ੀ ਨੇਤਾਵਾਂ ਦਾ ਨਵੀਂ ਦਿੱਲੀ ਪਹੁੰਚਣਾ ਜਾਰੀ ਏ |
- ਭਾਰਤੀ ਜਨਤਾ ਪਾਰਟੀ ਪੰਜਾਬ 'ਚ 18 ਸਤੰਬਰ ਤੋਂ ਨਸ਼ਾ ਮੁਕਤ ਪੰਜਾਬ ਯਾਤਰਾਵਾਂ ਸ਼ੁਰੂ ਕਰੇਗੀ |

- ਮਰਦਾਂ ਦੇ ਜੂਨੀਅਰ ਏਸ਼ੀਆ ਕੱਪ ਹਾਕੀ 'ਚ ਭਾਰਤ ਮਲੇਸ਼ੀਆ ਨੂੰ 3-1 ਨਾਲ ਹਰਾ ਕੇ ਫਾਈਨਲ ਵਿਚ ਪਹੁੰਚ ਗਿਆ ਏ |

***ਹੁਣ ਖਬਰਾਂ ਵਿਸਥਾਰ ਨਾਲ***

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਬ੍ਰਿਕਸ ਵਪਾਰ ਫੋਰਮ ਦੇ ਆਗੂਆਂ ਦੇ ਸੈਸ਼ਨ ਨੂੰ ਸੰਬੋਧਨ ਕੀਤਾ ਓਹਨਾ ਕਿਹਾ ਕੇ ਬ੍ਰਿਕਸ ਦੇਸ਼ ਵਿਸ਼ਵਵਿਆਪੀ ਨਵੀਨਤਾ ਅਤੇ ਹੱਲਾਂ ਦੇ ਮਹੱਤਵਪੂਰਨ ਕੇਂਦਰ ਵਜੋਂ ਉੱਭਰ ਰਹੇ ਨੇ | ਅੱਜ ਸ਼ਾਮੀ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਬ੍ਰਿਕਸ ਵਪਾਰ ਫੋਰਮ ਦੇ ਆਗੂਆਂ ਦੇ ਸੈਸ਼ਨ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਕਿਹਾ ਕਿ ਬ੍ਰਿਕਸ ਦੇਸ਼ ਅੱਜ ਦੁਨੀਆ ਦੀ 50 ਫੀਸਦੀ ਆਬਾਦੀ, ਵਿਸ਼ਵ ਜੀਡੀਪੀ ਦਾ ਲਗਭਗ 40 ਫੀਸਦੀ ਅਤੇ ਵਿਸ਼ਵ ਵਪਾਰ ਦੇ 25 ਫੀਸਦੀ ਤੋਂ ਵੱਧ ਦੀ ਪ੍ਰਤੀਨਿਧਤਾ ਕਰਦੇ ਨੇ।

BYTE

ਉਨ੍ਹਾਂ ਕਿਹਾ ਕਿ ਬ੍ਰਿਕਸ ਦੇਸ਼ਾਂ ਵਿੱਚ ਜ਼ਮੀਨੀ ਪੱਧਰ ਦੀਆਂ ਪਹਿਲਕਦਮੀਆਂ ਤੋਂ ਲੈ ਕੇ ਅਤਿ-ਆਧੁਨਿਕ ਤਕਨਾਲੋਜੀਆਂ ਤੱਕ

ਨਵੀਨਤਾ ਦੇ ਨਵੇਂ ਰਸਤੇ ਆਕਾਰ ਲੈ ਰਹੇ ਹਨ। ਪ੍ਰਧਾਨ ਮੰਤਰੀ ਨੇ ਕਿਹਾ ਕਿ ਆਲਮੀ  ਅਨਿਸ਼ਚਿਤਤਾਵਾਂ ਦਰਮਿਆਨ, ਭਾਰਤ ਅੱਜ ਵਿਕਾਸ ਅਤੇ ਸਥਿਰਤਾ ਲਈ ਵਿਸ਼ਵਾਸ ਦਾ ਸਮਾਨਾਰਥੀ ਹੈ। ਉਨ੍ਹਾਂ ਨੇ "ਮੇਕ ਇਨ ਇੰਡੀਆ, ਇਨੋਵੇਟ ਵਿਦ ਇੰਡੀਆ, ਅਤੇ ਸਕੇਲ ਫਾਰ ਦ ਵਰਲਡ" ਦਾ ਸੱਦਾ ਦਿੱਤਾ।  ਮੁਖੀਆਂ ਨੇ ਵੀ ਸੰਬੋਧਨ ਕੀਤਾ। ਇਨ੍ਹਾਂ ਵਿੱਚ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ, ਈਰਾਨੀ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਅਤੇ ਦੱਖਣੀ ਅਫ਼ਰੀਕਾ ਦੇ ਰਾਸ਼ਟਰਪਤੀ ਸਿਰਿਲ ਰਾਮਾਫੋਸਾ ਸ਼ਾਮਲ ਸਨ। ਵਣਜ ਅਤੇ ਉਦਯੋਗ ਮੰਤਰੀ ਪਿਊਸ਼ ਗੋਇਲ ਨੇ ਕਿਹਾ ਕਿ ਭਾਰਤ ਦੀ ਪ੍ਰਧਾਨਗੀ ਹੇਠ, ਬ੍ਰਿਕਸ ਨੇ ਮੈਂਬਰ ਦੇਸ਼ਾਂ ਵਿਚਕਾਰ ਵਧੇਰੇ ਸੰਤੁਲਿਤ ਵਪਾਰ ਅਤੇ ਸੇਵਾਵਾਂ 'ਤੇ ਧਿਆਨ ਕੇਂਦਰਿਤ ਕੀਤਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ, ਭਾਰਤ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਇਸ ਸਹਿਯੋਗ ਦੇ ਲਾਭ ਕਿਸਾਨਾਂ, ਮਹਿਲਾ ਉੱਦਮੀਆਂ, ਨੌਜਵਾਨ ਉੱਦਮੀਆਂ, ਅਤੇ ਸੂਖਮ, ਛੋਟੇ ਅਤੇ ਦਰਮਿਆਨੇ ਉਦਮ ਤੱਕ ਪਹੁੰਚਣ |

-----------------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਅੱਜ ਰਾਜਨੀਤਿਕ, ਆਰਥਿਕ, ਰੱਖਿਆ, ਊਰਜਾ, ਪੁਲਾੜ, ਹੁਨਰ  ਆਦਾਨ-ਪ੍ਰਦਾਨ ਅਤੇ ਲੋਕਾਂ-ਤੋਂ-ਲੋਕ ਦੇ  ਸਬੰਧਾਂ ਦੇ ਖੇਤਰਾਂ ਵਿੱਚ ਦੁਵੱਲੇ ਸਹਿਯੋਗ ਦੀ ਪ੍ਰਗਤੀ ਦੀ ਸਮੀਖਿਆ ਕੀਤੀ। ਦਿੱਲੀ ਵਿੱਚ ਦੁਵੱਲੀ ਗੱਲਬਾਤ ਦੌਰਾਨ, ਦੋਵਾਂ ਆਗੂਆਂ ਨੇ ਆਪਸੀ ਹਿੱਤ ਦੇ ਅਹਿਮ

ਖੇਤਰੀ ਅਤੇ ਆਲਮੀ ਮੁੱਦਿਆਂ 'ਤੇ ਵੀ ਵਿਚਾਰ ਵਟਾਂਦਰਾ ਕੀਤਾ, ਜਿਸ ਵਿੱਚ ਪੱਛਮੀ ਏਸ਼ੀਆ ਅਤੇ ਕਾਲਾ ਸਾਗਰ ਖੇਤਰ ਵਿੱਚ ਚੱਲ ਰਹੇ ਟਕਰਾਅ ਸ਼ਾਮਲ ਹਨ। ਪ੍ਰਧਾਨ ਮੰਤਰੀ ਮੋਦੀ ਨੇ ਦੁਹਰਾਇਆ ਕਿ ਗੱਲਬਾਤ ਅਤੇ ਕੂਟਨੀਤੀ ਹੀ ਟਕਰਾਅ ਨੂੰ ਹੱਲ ਕਰਨ ਦਾ ਇੱਕੋ ਇੱਕ ਰਸਤਾ ਹੈ, ਅਤੇ ਭਾਰਤ ਸ਼ਾਂਤੀ ਯਤਨਾਂ ਵਿੱਚ ਸਹਿਯੋਗ ਕਰਨ ਲਈ ਤਿਆਰ ਹੈ। ਵਿਦੇਸ਼ ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਅਤੇ ਰਾਸ਼ਟਰਪਤੀ ਪੁਤਿਨ ਨੇ ਰੂਸ ਦੀ ਅੰਤਰਰਾਸ਼ਟਰੀ ਉਦਯੋਗਿਕ ਪ੍ਰਦਰਸ਼ਨੀ, ਇਨੋਪਰੋਮ ਇੰਡੀਆ ਦਾ ਸਵਾਗਤ ਕੀਤਾ, ਜੋ ਕਿ 9 ਸਤੰਬਰ ਤੋਂ ਅੱਜ  ਭਾਰਤ ਵਿੱਚ ਪਹਿਲੀ ਵਾਰ  ਆਯੋਜਿਤ ਕੀਤੀ ਗਈ ਸੀ। ਇਹ ਪ੍ਰਦਰਸ਼ਨੀ ਵਪਾਰ ਅਤੇ ਉਦਯੋਗਿਕ ਸਬੰਧਾਂ ਨੂੰ ਹੋਰ ਵਧਾਉਣ ਵਿੱਚ ਆਪਣੀ ਅਹਿਮੀਅਤ  ਨੂੰ ਦਰਸਾਉਂਦੀ ਹੈ। ਦੋਵਾਂ ਨੇਤਾਵਾਂ ਨੇ  ਪ੍ਰਦਰਸ਼ਨੀ ਦਾ ਦੌਰਾ ਕੀਤਾ ਅਤੇ ਭਾਗੀਦਾਰਾਂ ਨਾਲ ਗੱਲਬਾਤ ਕੀਤੀ। ਦੋਵੇਂ ਆਗੂ ਦੋਵਾਂ ਦੇਸ਼ਾਂ ਵਿਚਕਾਰ ਵਿਸ਼ੇਸ਼ ਅਤੇ ਵਿਸ਼ੇਸ਼ ਅਧਿਕਾਰ ਪ੍ਰਾਪਤ ਰਣਨੀਤਕ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਲਈ ਯਤਨ ਜਾਰੀ ਰੱਖਣ 'ਤੇ ਸਹਿਮਤ ਹੋਏ। ਰਾਸ਼ਟਰਪਤੀ ਪੁਤਿਨ ਨੇ ਪ੍ਰਧਾਨ ਮੰਤਰੀ ਮੋਦੀ ਨੂੰ 24ਵੇਂ ਭਾਰਤ-ਰੂਸ ਸਾਲਾਨਾ ਸੰਮੇਲਨ ਵਿੱਚ ਸ਼ਾਮਲ ਹੋਣ ਲਈ ਰੂਸ ਆਉਣ ਦਾ ਸੱਦਾ ਦਿੱਤਾ। ਪ੍ਰਧਾਨ ਮੰਤਰੀ ਨੇ ਸੱਦਾ ਸਵੀਕਾਰ ਕਰ ਲਿਆ। ਸੰਮੇਲਨ ਦੀਆਂ ਤਰੀਕਾਂ ਆਪਸੀ ਸਹਿਮਤੀ ਨਾਲ ਤੈਅ ਕੀਤੀਆਂ ਜਾਣਗੀਆਂ। ਮੀਟਿੰਗ ਦੌਰਾਨ, ਸ਼੍ਰੀ ਮੋਦੀ ਨੇ ਸ਼੍ਰੀ ਪੁਤਿਨ ਨੂੰ ਕਵੀ-ਦਾਰਸ਼ਨਿਕ ਤਿਰੂਵੱਲੂਵਰ ਵੱਲੋਂ  ਲਿਖੀ ਪ੍ਰਾਚੀਨ

ਤਾਮਿਲ ਗ੍ਰੰਥ , ਤਿਰੁੱਕੁਰਲ ਦਾ ਰੂਸੀ ਅਨੁਵਾਦ ਭੇਟ ਕੀਤਾ। ਰਾਸ਼ਟਰਪਤੀ ਪੁਤਿਨ ਕੱਲ੍ਹ ਤੋਂ ਸ਼ੁਰੂ ਹੋ ਰਹੇ ਬ੍ਰਿਕਸ ਸਿਖਰ ਸੰਮੇਲਨ ਵਿੱਚ ਹਿੱਸਾ ਲੈਣ ਲਈ ਅੱਜ ਸਵੇਰੇ ਰਾਜਧਾਨੀ ਪਹੁੰਚੇ।

---------------------------------------------------------------

ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਕੱਲ੍ਹ ਸ਼ੁਰੂ ਹੋ ਰਹੇ 18ਵੇਂ ਬ੍ਰਿਕਸ ਸੰਮੇਲਨ ਲਈ ਮੰਚ ਪੂਰੀ ਤਰ੍ਹਾਂ ਤਿਆਰ ਹੈ। ਸੰਮੇਲਨ ਦੌਰਾਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ, ਚੀਨ ਦੇ ਰਾਸ਼ਟਰਪਤੀ ਸ਼ੀ ਜਿਨਪਿੰਗ, ਦੱਖਣੀ ਅਫ਼ਰੀਕਾ ਦੇ ਰਾਸ਼ਟਰਪਤੀ ਸਿਰਿਲ ਰਾਮਾਫੋਸਾ, ਮਿਸਰ ਦੇ ਰਾਸ਼ਟਰਪਤੀ ਅਬਦੇਲ ਫਤਾਹ ਐਲ ਸੀਸੀ , ਇੰਡੋਨੇਸ਼ੀਆਈ ਰਾਸ਼ਟਰਪਤੀ ਪ੍ਰਬੋਵੋ ਸੁਬਿਆਂਤੋ, ਈਰਾਨ ਦੇ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਅਤੇ ਅਬੂ ਧਾਬੀ ਦੇ ਕ੍ਰਾਊਨ ਪ੍ਰਿੰਸ ਸ਼ੇਖ ਖਾਲੇਦ ਬਿਨ ਮੁਹੰਮਦ ਬਿਨ ਜ਼ਾਇਦ ਅਲ ਨਾਹਯਾਨ ਸਮੇਤ ਵਿਸ਼ਵ ਨੇਤਾਵਾਂ ਦੀ ਮੇਜ਼ਬਾਨੀ ਕਰਨਗੇ। 2026 ਬ੍ਰਿਕਸ ਸੰਮੇਲਨ ਦਾ ਵਿਸ਼ਾ ਲਚਕੀਲਾਪਣ, ਨਵੀਨਤਾ, ਸਹਿਯੋਗ ਅਤੇ ਸਥਿਰਤਾ ਦਾ ਨਿਰਮਾਣ ਹੈ। ਸੰਮੇਲਨ ਕੱਲ੍ਹ ਬ੍ਰਿਕਸ ਮੈਂਬਰ ਦੇਸ਼ਾਂ ਦੀ ਮੀਟਿੰਗ ਨਾਲ ਸ਼ੁਰੂ ਹੋਵੇਗਾ, ਜਿਸਦਾ ਵਿਸ਼ਾ ਹੈ: ਵਿਸ਼ਵ ਸੰਸਥਾਵਾਂ ਨੂੰ ਹੋਰ ਸਮਾਵੇਸ਼ੀ ਬਣਾਉਣਾ ਅਤੇ ਬਹੁਪੱਖੀਵਾਦ ਨੂੰ ਮਜ਼ਬੂਤ ਕਰਨਾ। ਬ੍ਰਿਕਸ ਮੈਂਬਰ ਦੇਸ਼ਾਂ ਦੇ ਨੇਤਾ ਭਾਰਤ ਮੰਡਪਮ ਵਿਖੇ ਇੰਡੀਆ ਇਨੋਵੇਟਸ ਪ੍ਰਦਰਸ਼ਨੀ ਦਾ ਦੌਰਾ ਕਰਨਗੇ। ਉਹ ਰੁੱਖ ਲਗਾਉਣ ਦੇ ਇੱਕ ਸਾਂਝੇ ਸਮਾਰੋਹ ਵਿੱਚ ਵੀ ਹਿੱਸਾ ਲੈਣਗੇ, ਜਿਸ ਤੋਂ ਬਾਅਦ ਪ੍ਰਧਾਨ ਮੰਤਰੀ ਮੋਦੀ

ਵੱਲੋਂ ਰਾਤ ਦੇ ਖਾਣੇ ਦੀ ਦਾਅਵਤ ਹੋਏਗੀ । ਪ੍ਰਧਾਨ ਮੰਤਰੀ ਸੰਮੇਲਨ ਦੌਰਾਨ ਬ੍ਰਿਕਸ ਨੇਤਾਵਾਂ ਨਾਲ ਕਈ ਦੁਵੱਲੀਆਂ ਮੀਟਿੰਗਾਂ ਵੀ ਕਰਨਗੇ। ਸ਼੍ਰੀ ਮੋਦੀ ਐਤਵਾਰ ਨੂੰ ਬ੍ਰਿਕਸ ਭਾਈਵਾਲ ਦੇਸ਼ਾਂ ਦੇ ਆਗੂਆਂ ਅਤੇ ਡੈਲੀਗੇਟਾਂ ਦਾ ਸਵਾਗਤ ਕਰਨਗੇ।

---------------------------------------------------------------

ਈਰਾਨ ਦੇ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਬ੍ਰਿਕਸ ਸੰਮੇਲਨ 'ਚ ਹਿੱਸਾ ਲੈਣ ਲਈ ਨਵੀਂ ਦਿੱਲੀ ਪਹੁੰਚੇ ਗਏ ਨੇ। ਬੰਦਰਗਾਹਾਂ, ਜਹਾਜ਼ਰਾਨੀ ਅਤੇ ਜਲ ਮਾਰਗ ਰਾਜ ਮੰਤਰੀ ਸ਼ਾਂਤਨੂ ਠਾਕੁਰ ਨੇ ਉਨ੍ਹਾਂ ਦਾ ਸਵਾਗਤ ਕੀਤਾ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਭਾਰਤ ਅਤੇ ਈਰਾਨ ਮਜ਼ਬੂਤ ਸੱਭਿਆਚਾਰਕ ਅਤੇ ਲੋਕਾਂ ਤੋਂ ਲੋਕਾਂ ਦੇ ਸਬੰਧ 'ਤੇ ਆਧਾਰਿਤ ਸੱਭਿਆਚਾਰਕ ਸਬੰਧ ਸਾਂਝੇ ਕਰਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਬ੍ਰਿਕਸ ਭਾਈਵਾਲਾਂ ਦੇ ਰੂਪ ਵਿੱਚ, ਦੋਵੇਂ ਦੇਸ਼ ਸਾਂਝੀ ਤਰੱਕੀ ਅਤੇ ਖੁਸ਼ਹਾਲੀ ਵਿੱਚ ਯੋਗਦਾਨ ਪਾਉਣ ਲਈ ਕੰਮ ਕਰ ਰਹੇ ਹਨ। ਮਿਸਰ ਦੇ ਰਾਸ਼ਟਰਪਤੀ ਅਬਦੁਲ ਫਤਾਹ ਐਲਸੀਸੀ ਅੱਜ ਸ਼ਾਮ ਨਵੀਂ ਦਿੱਲੀ ਪਹੁੰਚੇ। ਕੇਂਦਰੀ ਰੱਖਿਆ ਰਾਜ ਮੰਤਰੀ ਸੰਜੇ ਸੇਠ ਨੇ ਹਵਾਈ ਅੱਡੇ 'ਤੇ ਉਨ੍ਹਾਂ ਦਾ ਸਵਾਗਤ ਕੀਤਾ। ਨਾਈਜੀਰੀਆ ਦੇ ਉਪ ਰਾਸ਼ਟਰਪਤੀ, ਕਾਸ਼ਿਮ ਸ਼ੈਟੀਮਾ, ਵੀ 18ਵੇਂ ਬ੍ਰਿਕਸ ਸੰਮੇਲਨ ਲਈ ਨਵੀਂ ਦਿੱਲੀ ਪਹੁੰਚੇ ਹਨ।

------------------------------------------------------------

ਭਾਰਤੀ ਜਨਤਾ ਪਾਰਟੀ, ਪੰਜਾਬ "  ਭਾਜਪਾ ਦਾ ਨਾਰਾ, ਨਸ਼ਾ ਮੁਕਾਉਣਾ ਸਾਰਾ  " ਦੇ ਨਾਅਰੇ ਨਾਲ ਰਾਜ ਵਿਆਪੀ "ਨਸ਼ਾ ਮੁਕਤ ਪੰਜਾਬ ਯਾਤਰਾਵਾਂ" ਸ਼ੁਰੂ ਕਰ ਰਹੀ ਏ. 18 ਸਤੰਬਰ ਤੋਂ ਚਾਰ ਪੜਾਵਾਂ ਵਿੱਚ ਸ਼ੁਰੂ ਹੋ ਰਹੀ ਇਹ ਯਾਤਰਾ 13 ਦਿਨਾਂ ਤੱਕ ਜਾਰੀ ਰਹੇਗੀ ਅਤੇ ਨਸ਼ਿਆਂ ਵਿਰੁੱਧ ਲੜਾਈ ਨੂੰ ਇੱਕ ਵਿਸ਼ਾਲ ਜਨਤਕ ਲਹਿਰ ਵਿੱਚ ਬਦਲਣ ਲਈ ਸਾਰੇ 117 ਵਿਧਾਨ ਸਭਾ ਹਲਕਿਆਂ ਦੇ ਲੋਕਾਂ ਨੂੰ ਇਕਜੁਟ ਕਰੇਗੀ। ਇਹ ਐਲਾਨ BJP  ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ ਕੀਤਾ |

BYTE

ਪਾਰਟੀ ਦੇ ਰਾਸ਼ਟਰੀ ਉਪ ਪ੍ਰਧਾਨ ਮਨਪ੍ਰੀਤ ਬਾਦਲ ਨੇ ਕਿਹਾ ਕਿ ਨਸ਼ਿਆਂ ਦਾ ਖ਼ਤਰਾ ਨਾ ਸਿਰਫ਼ ਇੱਕ ਮਨੁੱਖੀ ਦੁਖਾਂਤ ਏ , ਸਗੋਂ ਰਾਸ਼ਟਰੀ ਸੁਰੱਖਿਆ ਲਈ ਵੀ ਚਿੰਤਾ ਦਾ ਵਿਸ਼ਾ ਏ । ਸਾਬਕਾ ਸੂਬਾ ਪ੍ਰਧਾਨ ਸੁਨੀਲ ਜਾਖੜ ਅਤੇ  ਅਸ਼ਵਨੀ ਸ਼ਰਮਾ ਨੇ ਵੀ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕੀਤਾ।

------------------------------------------------------------

ਸਮਾਜਿਕ ਨਿਆਂ ਤੇ ਅਧਿਕਾਰਾਂ ਬਾਰੇ ਕੇਂਦਰੀ ਰਾਜ ਮੰਤਰੀ ਰਾਮਦਾਸ ਅਠਾਵਲੇ ਨੇ ਕਿਹਾ ਏ ਕਿ ਪੰਜਾਬ ਅੰਦਰ ਅਕਾਲੀ-BJP  ਗਠਜੋੜ ਹੋਣਾ ਚਾਹੀਦਾ ਏ ਅਤੇ ਉਨ੍ਹਾਂ ਦੀ ਪਾਰਟੀ ਦੋਵੇਂ ਧਿਰਾਂ ਨਾਲ ਰਲ ਕੇ ਚੋਣਾਂ

ਲੜਨ ਲਈ ਤਿਆਰ ਏ। ਸ਼੍ਰੀ ਅਠਾਵਲੇ ਨੇ ਅੱਜ ਲੁਧਿਆਣਾ ਵਿਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਉਂਦੀਆਂ ਪੰਜਾਬ ਵਿਧਾਨਸਭਾ ਚੋਣਾਂ ‘ਚ ਭਾਰਤੀ ਜਨਤਾ ਪਾਰਟੀ ਤੇ ਸ਼ਿਰੋਮਣੀ ਅਕਾਲੀ ਦਲ, ਨੂੰ ਰਲ ਕੇ ਲੜਨੀਆਂ ਚਾਹੀਦੀਆਂ ਨੇ . ਓਹਨਾਂ ਕਿਹਾ ਕਿ ਓਹਨਾਂ ਦੀ ਪਾਰਟੀ Republican Party of India ਇਹਨਾਂ ਦੋਵਾਂ ਪਾਰਟੀਆਂ ਨੂੰ ਹਮਾਇਤ ਦਏਗੀ. ਉਨ੍ਹਾਂ ਨੇ ਕਿਹਾ ਕਿ ਸੂਬੇ ਅੰਦਰ ਅਕਾਲੀ - ਭਾਜਪਾ ਗਠਜੋੜ ਵਿਚ ਸ਼ਾਮਿਲ ਹੋ ਕੇ ਪਾਰਟੀ ਅਹਿਮ ਭੂਮਿਕਾ ਨਿਭਾਅ ਸਕਦੀ ਏ-

BYTE

ਉਨ੍ਹਾਂ ਨੇ ਲੁਧਿਆਣਾ ਵਿਚ ਬੀਤੇ ਦਿਨੀਂ ਸੰਵਿਧਾਨ ਨਿਰਮਾਤਾ ਡਾ. ਬੀ.ਆਰ ਅੰਬੇਡਕਰ ਦੇ ਬੁੱਤ ਦੀ ਬੇਅਦਬੀ ਕੀਤੇ ਜਾਣ ਦੀ ਘਟਨਾ ਦੀ ਵੀ ਨਿਖੇਧੀ ਕਰਦਿਆਂ, ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਏ। ਪਹਿਲਾਂ ਮੰਤਰੀ ਨੇ ਲੁਧਿਆਣਾ ਜਾਣ ਤੋਂ ਪਹਿਲਾਂ ਜਲੰਧਰ’ਚ ਡੇਰਾ ਸਚਖੰਡ ਬੱਲਾਂ ਵਿਖੇ ਪਦਮ ਸ਼੍ਰੀ ਸੰਤ ਨਿਰੰਜਨ ਦਾਸ ਜੀ ਮਹਾਰਾਜ ਨਾਲ ਮੁਲਾਕਾਤ ਕੀਤੀ.

---

ਭਾਰਤ ਮਰਦਾਂ ਦੇ ਜੂਨੀਅਰ ਏਸ਼ੀਆ ਕੱਪ ਹਾਕੀ ਦੇ ਫਾਈਨਲ 'ਚ ਪਹੁੰਚ ਗਿਆ ਏ | ਅੱਜ ਚੀਨ ਦੇ ਮੋਕੀ ਵਿੱਚ ਖੇਡੇ ਗਏ ਪਹਿਲੇ ਸੈਮੀਫਾਈਨਲ ਵਿੱਚ ਭਾਰਤ ਨੇ ਮਲੇਸ਼ੀਆ ਨੂੰ 3-1 ਨਾਲ ਹਰਾਇਆ | ਭਾਰਤੀ ਕਪਤਾਨ ਅਨਮੋਲ ਏਕਾ ਨੇ ਦੋ ਗੋਲ ਕੀਤੇ ਜਦੋਂ ਕਿ ਸੁਖਵਿੰਦਰ ਨੇ ਇੱਕ

ਗੋਲ ਕੀਤਾ। ਹੁਣ ਐਤਵਾਰ ਨੂੰ ਫਾਈਨਲ 'ਚ ਭਾਰਤ ਦਾ ਮੁਕਾਬਲਾ ਦੱਖਣੀ ਕੋਰੀਆ ਨਾਲ ਹੋਏਗਾ । ਦੱਖਣੀ ਕੋਰੀਆ ਅੱਜ ਸ਼ਾਮੀ ਪਾਕਿਸਤਾਨ ਨੂੰ 4-1 ਨਾਲ ਹਰਾ ਕੇ ਫਾਈਨਲ ਵਿੱਚ ਪਹੁੰਚਿਆ। ਭਾਰਤੀ ਜੂਨੀਅਰ ਮਹਿਲਾ ਟੀਮ ਕੱਲ੍ਹ ਸੈਮੀਫਾਈਨਲ ਵਿੱਚ ਦੱਖਣੀ ਕੋਰੀਆ ਖਿਲਾਫ ਖੇਡੇਗੀ |

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਬ੍ਰਿਕਸ ਵਪਾਰ ਫੋਰਮ ਦੇ ਸੈਸ਼ਨ ਨੂੰ ਸੰਬੋਧਨ ਕੀਤਾ, ਓਹਨਾ ਕਿਹਾ ਕੇ ਬ੍ਰਿਕਸ ਦੇਸ਼ ਵਿਸ਼ਵਵਿਆਪੀ ਨਵੀਨਤਾ ਅਤੇ ਹੱਲਾਂ ਦੇ ਮਹੱਤਵਪੂਰਨ ਕੇਂਦਰ ਵਜੋਂ ਉੱਭਰ ਰਹੇ ਨੇ |

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨਾਲ ਮੁਲਾਕਤ ਦੌਰਾਨ ਵੱਖ ਵੱਖ ਖੇਤਰਾਂ 'ਚ ਦੁਵੱਲੇ ਸਹਿਯੋਗ ਦੀ ਪ੍ਰਗਤੀ ਦਾ ਜਾਇਜ਼ਾ ਲਿਆ |

- ਕੱਲ੍ਹ ਸ਼ੁਰੂ ਹੋ ਰਹੇ 18ਵੇਂ ਬ੍ਰਿਕਸ ਸਿਖਰ ਸੰਮੇਲਨ ਲਈ ਮੰਚ ਪੂਰੀ ਤਰ੍ਹਾਂ ਤਿਆਰ ਏ | ਵਿਦੇਸ਼ੀ ਨੇਤਾਵਾਂ ਦਾ ਨਵੀਂ ਦਿੱਲੀ ਪਹੁੰਚਣਾ ਜਾਰੀ ਏ |

- ਭਾਰਤੀ ਜਨਤਾ ਪਾਰਟੀ ਪੰਜਾਬ 'ਚ 18 ਸਤੰਬਰ ਤੋਂ ਨਸ਼ਾ ਮੁਕਤ ਪੰਜਾਬ ਯਾਤਰਾਵਾਂ ਸ਼ੁਰੂ ਕਰੇਗੀ |

- ਮਰਦਾਂ ਦੇ ਜੂਨੀਅਰ ਏਸ਼ੀਆ ਕੱਪ ਹਾਕੀ 'ਚ ਭਾਰਤ ਮਲੇਸ਼ੀਆ ਨੂੰ 3-1 ਨਾਲ ਹਰਾ ਕੇ ਫਾਈਨਲ ਵਿਚ ਪਹੁੰਚ ਗਿਆ ਏ |

---

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਰਾਸ਼ਟਰੀ ਬੁਲੇਟਿਨ, ਸਵੇਰੇ ਸਾਢੇ 8 ਵਜੇ ਹੋਏਗਾ.**

**ਨਮਸਕਾਰ!**